5719
13/7/21

ਦਫਤਰਃ ਡਾਇਰੈਕਟਰ ਸਿਖਿਆ ਵਿਭਾਗ(ਸੈਃਸਿਃ) ਪੰਜਾਬ, ਐਸ.ਏ.ਐਸ.ਨਗਰ।

(ਸੈਕੰਡਰੀ ਸਿਖਿਆ ਸ਼ਾਖਾ)

ਵੱਲ

ਸਮੂਹ ਜਿਲ੍ਹਾ ਸਿਖਿਆ ਅਫਸਰ(ਸੈਸਿ),ਪੰਜਾਬ।
ਸਮੂਹ ਜਿਲ੍ਹਾ ਸਿਖਿਆ ਅਫਸਰ(ਐਸਿ),ਪੰਜਾਬ।
ਸਮੂਹ ਸਕੂਲ ਮੁੱਖੀ, ਪੰਜਾਬ। (ਵੈਬਸਾਈਟ ਰਾਹੀਂ)

ਮੀਮੋ ਨੰਬਰ DPISE-SEDU0GENL/7/2021-2021234749
ਮਿਤੀਃ ਸ.ਅ.ਸ.ਨਗਰ, 09/07/2021

ਵਿਸ਼ਾਃ ਸਕੂਲਾਂ ਵਿੱਚ 'Single Parent' ਵਿਦਿਆਰਥੀਆਂ ਦੇ ਦਾਖਲੇ ਸਬੰਧੀ।

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖ਼ੇਚਲ ਕੀਤੀ ਜਾਵੇ ਜੀ।

2.0 ਸਕੂਲਾਂ ਵਿੱਚ ਆਪਣੇ ਬੱਚਿਆਂ ਦਾ ਦਾਖਲਾ ਕਰਵਾਉਣ ਦੇ ਇੱਛੁਕ ਕੁਝ ਮਾਪੇ ਜੋ ਇਕੱਲੇ (Single Parent) ਹਨ, ਵੱਲੋਂ ਵਿਭਾਗ ਦੇ ਧਿਆਨ ਵਿੱਚ ਲਿਆਂਦਾ ਹੈ ਕਿ ਦਾਖਲਾ ਫਾਰਮ ਵਿੱਚ ਮਾਤਾ ਅਤੇ ਪਿਤਾ ਦੋਹਾਂ ਦਾ ਨਾਮ ਭਰਨਾ ਜ਼ਰੂਰੀ ਹੋਣ ਕਰਕੇ ਉਨ੍ਹਾਂ ਦੇ ਬੱਚਿਆਂ ਨੂੰ ਸਕੂਲਾਂ ਵਿੱਚ ਦਾਖਲੇ ਸਮੇਂ ਦਿੱਕਤ ਪੇਸ਼ ਆਉਂਦੀ ਹੈ।

3.0 ਉਕਤ ਦੇ ਸਨਮੁੱਖ ਲਿਖਿਆ ਜਾਂਦਾ ਹੈ ਕਿ ਪੰਜਾਬ ਰਾਜ ਦੇ ਸਮੂਹ ਸਰਕਾਰੀ/ਸਰਕਾਰੀ ਸਹਾਇਤਾ ਪ੍ਰਾਪਤ/ਏਡਿਡ/ਅਨਏਡਿਡ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਦਾਖਲੇ ਸਮੇਂ ਜੇਕਰ ਮਾਤਾ ਜਾਂ ਪਿਤਾ ਵੱਲੋਂ ਕਿਸੇ ਵੀ ਕਾਰਣ ਕਰਕੇ ਸਿਰਫ ਇੱਕ ਦਾ ਨਾਂ (ਮਾਤਾ ਜਾਂ ਪਿਤਾ) ਦਾਖਲਾ ਫਾਰਮ ਵਿੱਚ ਦਰਜ ਕੀਤਾ ਜਾਂਦਾ ਹੈ ਤਾਂ ਅਜਿਹੇ ਵਿਦਿਆਰਥੀਆਂ ਨੂੰ ਦਾਖਲਾ ਦੇਣ ਤੋਂ ਮਨ੍ਹਾਂ ਨਾ ਕੀਤਾ ਜਾਵੇ।

4.0 ਇਹਨਾਂ ਹੁਕਮਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਡਾਇਰੈਕਟਰ ਸਿਖਿਆ ਵਿਭਾਗ(ਸੈਃਸਿਃ)
ਪੰਜਾਬ।

Scanned with CamScanner

ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਬਠਿੰਡਾ
ਪੱਤਰ ਨੰ: ਈ-11( ) 2021। ਮਿਤੀ 13/7/21

ਉਪਰੋਕਤ ਪੱਤਰ ਦਾ ਉਤਾਰਾ ਜ਼ਿਲ੍ਹੇ ਦੇ ਸਮੂਹ ਸਕੂਲ ਮੁਖੀਆਂ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।

(signature)
ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)
ਬਠਿੰਡਾ 13/7/21

Scanned with CamScanner